# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:17-04-2024**

ਦੇਸ਼ ਵਿੱਚ ਅੱਜ ਰਾਮ ਨੌਮੀ ਦਾ ਤਿਉਹਾਰ ਧੂਮਧਾਮ ਮਨਾਇਆ ਜਾ ਰਿਹਾ ਏ। ਸਵੇਰ ਤੋਂ ਹੀ ਲੋਕ ਮੰਦਰਾਂ ਦੇ ਬਾਹਰ ਕਤਾਰਾਂ ਵਿੱਚ ਲੱਗੇ ਹੋਏ ਨੇ । ਅਯੁੱਧਿਆ ਧਾਮ 'ਚ 500 ਸਾਲਾਂ ਦੇ ਲੰਬੇ ਇੰਤਜ਼ਾਰ ਤੋਂ ਬਾਅਦ ਭਗਵਾਨ ਸ੍ਰੀ ਰਾਮ ਦੇ ਜਨਮ ਸਥਾਨ 'ਤੇ ਬਣੇ ਵਿਸ਼ਾਲ ਅਤੇ ਦੇਵੀ ਮੰਦਰ ਵਿਚ ਰਾਮ ਨੌਮੀ ਦੇ ਤਿਉਹਾਰ ਦੀ ਧੂਮ ਏ । ਅੱਜ ਰਾਮਲਲਾ ਸ਼ਰਧਾਲੂਆਂ ਨੂੰ 19 ਘੰਟੇ ਦਰਸ਼ਨ ਦੇਣਗੇ। ਸਵੇਰੇ ਸਾਢੇ 3 ਵਜੇ ਤੋਂ ਹੀ ਸ਼ਰਧਾਲੂਆਂ ਨੂੰ ਦਰਸ਼ਨ ਕਰਵਾਏ ਜਾ ਰਹੇ ਨੇ ਅਤੇ ਰਾਤ 11 ਵਜੇ ਤੱਕ ਸ਼ਿੰਗਾਰ, ਰਾਗ-ਭੋਗ ਤੇ ਦਰਸ਼ਨ ਇਕੱਠੇ ਜਾਰੀ ਰਹਿਣਗੇ । ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਨੇ ਸਵੇਰੇ ਸ੍ਰੀ ਰਾਮ ਜਨਮ ਭੂਮੀ ਮੰਦਿਰ ਵਿਖੇ ਰਾਮਲਲਾ ਦਾ ਬ੍ਰਹਮ ਅਭਿਸ਼ੇਕ ਕੀਤਾ। ਦੁਪਹਿਰ 12 ਵਜੇ ਸੂਰਜ ਦੀਆਂ ਕਿਰਨਾਂ ਵਲੋਂ ਰਾਮਲੱਲ੍ਹਾ ਦਾ ਤਿਲਕ ਕੀਤਾ ਗਿਆ । ਇਹਨਾਂ

ਕਿਰਨਾਂ ਨੇ ਲਗਾਤਾਰ ਕੋਈ ਚਾਰ ਮਿੰਟ ਤੱਕ ਰਾਮਲੱਲ੍ਹਾ ਦੇ ਚਿਹਰੇ ਨੂੰ ਰੌਸ਼ਨ ਕੀਤਾ। ਕੋਈ 100 ਐੱਲ ਈ ਡੀ ਸਕ੍ਰੀਨਾਂ ਰਾਹੀਂ ਇਸ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ। ਏਧਰ ਜਲੰਧਰ ਸਮੇਤ ਪੰਜਾਬ ਦੇ ਵੱਖ ਵੱਖ ਮੰਦਰਾਂ ਵਿਚ, ਸ਼੍ਰੀ ਰਾਮਚਰਿਤ ਮਾਨਸ ਦੇ ਕਲ ਰਖੇ ਗਏ ਪਾਠ ਦੇ ਅੱਜ ਭੋਗ ਪਾਏ ਗਏ। ਮੰਦਰਾਂ ਵਿਚ ਪ੍ਰਭੂ ਸ਼੍ਰੀ ਰਾਮ ਜੀ ਦਾ ਗੁਣਗਾਣ ਲਗਾਤਾਰ ਚੱਲ ਰਿਹਾ ਏ। ਇਸ ਦੌਰਾਨ ਅੱਜ ਨਵਮੀ ਤੇ ਮਾਂ ਦੁਰਗਾ ਦੇ ਸਿਧਿ-ਦਾਤਰੀ ਸਰੂਪ ਦੀ ਪੂਜਾ ਅਰਚਨਾ ਕੀਤੀ ਜਾ ਰਹੀ ਏ। ਕਈ ਲੋਕਾਂ ਨੇ ਅੱਜ ਕੰਜਕ ਪੂਜਣ ਕਰਕੇ ਆਪਣੇ ਵਰਤ ਖੋਲ੍ਹੇ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਰਾਮ ਨੌਮੀ ਦੀਆਂ ਵਧਾਈਆਂ ਦਿੱਤੀਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਐਕਸ ਹੈਂਡਲ 'ਤੇ ਲਿਖਿਆ ਕਿ ਦੇਸ਼ ਭਰ ਦੇ ਮੇਰੇ ਪਰਿਵਾਰਕ ਮੈਂਬਰਾਂ ਨੂੰ ਭਗਵਾਨ ਸ਼੍ਰੀ ਰਾਮ ਦੇ ਜਨਮ ਉਤਸਵ ਰਾਮ ਨੌਮੀ ਦੀਆਂ ਬੇਅੰਤ ਸ਼ੁੱਭਕਾਮਨਾਵਾਂ ! ਇਸ ਸ਼ੁਭ ਮੌਕੇ 'ਤੇ, ਮੇਰਾ ਦਿਲ ਭਾਵਨਾਤਮਕ ਅਤੇ ਧੰਨਵਾਦੀ ਏ। ਇਹ ਸ਼੍ਰੀ ਰਾਮ ਦੀ ਪਰਮ ਕਿਰਪਾ ਏ, ਕਿ ਇਸੇ ਸਾਲ

ਆਪਣੇ ਕੋਟਿ-ਕੋਟਿ ਦੇਸ਼ਵਾਸੀਆਂ ਦੇ ਨਾਲ ਮੈਂ ਅਯੁੱਧਿਆ ਪ੍ਰਾਣ-ਪ੍ਰਤਿਸ਼ਠਾ ਦਾ ਗਵਾਹ ਬਣਿਆ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅਵਧ-ਪੁਰੀ ਦੇ ਉਸ ਪਲ ਦੀਆਂ ਯਾਦਾਂ ਅੱਜ ਵੀ ਉਨ੍ਹਾਂ ਦੇ ਮਨ ਵਿੱਚ ਉਸੇ ਊਰਜਾ ਨਾਲ ਗੂੰਜਦੀਆਂ ਨੇ।

---------------------------------------------------

ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ, ਡਾ. ਦਲਜੀਤ ਸਿੰਘ ਚੀਮਾ ਨੇ ਕਲ ਆਪਣੀ ਚੋਣ ਮੁਹਿੰਮ ਦਾ ਆਗਾਜ਼ ਗੁਰਦਾਸਪੁਰ ਦੇ ਪਿੰਡ ਨੌਸ਼ਿਹਰਾ ਮੱਝਾ ਸਿੰਘ ਵਿਖੇ ਮੀਟਿੰਗ ਕਰ ਕੇ ਕੀਤਾ। ਜ਼ਿਲਾ ਪ੍ਰਧਾਨ ਰਮਨਦੀਪ ਸਿੰਘ ਸੰਧੂ ਦੀ ਅਗਵਾਈ ਹੇਠ, ਆਯੋਜਿਤ ਇਸ ਸਮਾਗਮ ਵਿਚ ਗੁਰਦਾਸਪੁਰ ਅਤੇ ਪਠਾਨਕੋਟ ਜ਼ਿਲਿਆਂ ਨਾਲ ਸੰਬੰਧਤ ਸਮੁਚੇ ਵਿਧਾਨ ਸਭਾ ਹਲਕਾ ਇੰਚਾਰਜ ਨੇ ਸ਼ਮੂਲੀਅਤ ਕੀਤੀ। ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਵੀ ਇਸ ਮੌਕੇ ਸ਼ਾਮਲ ਹੋਏ। ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਪਾਰਟੀ ਨੇ ਜਿਹੜਾ ਮਾਣ ਉਨਾਂ ਨੂੰ ਬਖਸ਼ਿਆ ਏ, ਉਹ, ਇਸਦਾ ਦੇਣ

ਨਹੀਂ ਦੇ ਸਕਦੇ ਅਤੇ ਉਹ ਹਲਕੇ ਦੇ ਵਾਸੀਆਂ ਦੀ ਆਸ ਤੇ ਖਰਾ ਉਤਰਨਗੇ।

---------------------------------------------------

ਲੁਧਿਆਣਾ ਜ਼ਿਲੇ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਏ, ਕਿ ਪ੍ਰਸ਼ਾਸਨ ਦਾ ਉਦੇਸ਼ ਬਾਲ ਭਿੱਖਿਆ ਦਾ ਖਾਤਮਾ ਕਰਦਿਆਂ, ਬੱਚਿਆਂ ਨੂੰ ਸਕੂਲਾਂ ਵਿੱਚ ਦਾਖਲ ਕਰਵਾਉਣਾ, ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਅਤੇ ਉਨ੍ਹਾਂ ਦੇ ਵਿਕਾਸ ਵਿੱਚ ਯੋਗਦਾਨ ਪਾਉਣਾ ਏ । ਜ਼ਿਲ੍ਹਾ ਬਾਲ ਭਲਾਈ ਕੌਂਸਲ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਉਨਾਂ ਇਸ ਮਾੜੀ ਪ੍ਰਥਾ ਦੀ ਜੜ੍ਹਾਂ ਤੋਂ ਪਛਾਣ ਕਰਨ ਲਈ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਰਣਨੀਤੀ ਬਣਾਉਣ ਦੀ ਜਰੂਰਤ ਦੱਸੀ । ਉਨ੍ਹਾਂ ਪ੍ਰਸ਼ਾਸ਼ਨ, ਜ਼ਿਲ੍ਹਾ ਬਾਲ ਭਲਾਈ ਕੌਂਸਲ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਜ਼ਿਲ੍ਹੇ ਵਿੱਚੋਂ ਇਸ ਕੋਹੜ ਦੇ ਖਾਤਮੇ ਲਈ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ । ਡਿਪਟੀ ਕਮਿਸ਼ਨਰ ਸਾਹਨੀ ਨੇ ਇਹ ਵੀ ਸੁਝਾਅ ਦਿੱਤਾ ਕਿ ਭੀਖ ਮੰਗਣ ਤੋਂ ਬਚਾਏ ਗਏ ਬੱਚਿਆਂ ਨੂੰ ਸਮੁੱਚੇ ਵਿਕਾਸ ਲਈ ਆਪਣੀ ਹਾਂ-ਪੱਖੀ ਕਲਪਨਾ ਵਿਕਸਤ ਕਰਨ ਲਈ

ਖੇਡਾਂ, ਸੰਗੀਤ ਤੇ ਪੇਂਟਿੰਗ ਵਰਗੀਆਂ ਪਾਠਕ੍ਰਮ ਤੋਂ ਬਾਹਰ ਦੀਆਂ ਗਤੀਵਿਧੀਆਂ ਵਿੱਚ ਸ਼ਾਮਲ ਹੋਣਾ ਚਾਹੀਦਾ ਏ।

---------------------------------------------------------------

ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਦੇ ਵਧਣ ਦਾ ਖ਼ਦਸ਼ਾ ਪ੍ਰਗਟਾਇਆ ਏ। ਕੇਂਦਰੀ ਗ੍ਰਹਿ ਮੰਤਰਾਲਾ ਤਹਿਤ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਤਾਪਮਾਨ ਵਧਣ ਦੇ ਮੱਦੇਨਜ਼ਰ ਲੂ ਤੋਂ ਬਚਣ ਲਈ ਸਾਵਧਾਨੀ ਵਰਤਣ ਲਈ ਆਖਿਆ ਏ।

**ਵੇਰਵੇ ਨਾਲ ਇਹ ਰਿਪੋਰਟ:** ***ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ***

*ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ। ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੇਮ੍ਬ੍ਰਾਂ ਦਾ ਬਚਾਵ ਕੀਤਾ ਜਾ ਸਕਦਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---

ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਜ਼ਿਲ੍ਹਾ ਮੈਜਿਸਟਰੇਟ ਹਰਪ੍ਰੀਤ ਸਿੰਘ ਸੂਦਨ ਨੇ, ਚੋਣ ਕਮਿਸ਼ਨ ਵਲੋਂ ਰਾਜਸਥਾਨ ਵਿੱਚ 19 ਅਪ੍ਰੈਲ ਨੂੰ

ਕਰਵਾਈਆਂ ਜਾ ਰਹੀਆਂ ਲੋਕ ਸਭਾ ਚੋਣ ਦੇ ਸਬੰਧ ਵਿੱਚ, ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਵਿਸ਼ੇਸ਼ ਹੁਕਮ ਜਾਰੀ ਕਰਕੇ ਜ਼ਿਲੇ ਦੀਆਂ ਰਾਜਸਥਾਨ ਨਾਲ ਲੱਗਦੀਆਂ ਹੱਦਾਂ ਵਿੱਚ, 3 ਕਿਲੋਮੀਟਰ ਦੇ ਘੇਰੇ ਅੰਦਰ 17 ਅਪ੍ਰੈਲ ਸ਼ਾਮ 6 ਵਜੇ ਤੋਂ 19 ਅਪ੍ਰੈਲ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ, ਅਤੇ ਵੋਟਾਂ ਦੀ ਗਿਣਤੀ ਵਾਲੇ ਦਿਨ 4 ਜੂਨ ਨੂੰ ਡਰਾਈ ਡੇਅ ਦਾ ਐਲਾਨ ਕੀਤਾ ਏ।